**Vigilance Bureau Punjab**

# Vigilance nabs ASI for taking bribe

Chandigarh, December 17: State Economic offences Wing of Punjab Vigilance Bureau, today nabbed an Assistant Sub Inspector (ASI) posted at police post Rohar Jagir, Patiala district red handed while accepting bribe of Rs 5,000.

Disclosing this here an official spokesperson of the Vigilance Bureau said ASI Darshan Singh was nabbed red handed on the complaint of Lakhmi Chand of village Budh Mohar in Patiala district. The complainant has approached the VB and alleged that the accused ASI was demanding Rs 10,000 to allow him to continue storing and selling of peddy straw at his own agriculture land.

After verifying his information, the vigilance team laid a trap and the accused ASI was arrested on the spot while taking bribe of Rs. 5,000 from the complainant in the presence of two official witnesses.

He informed that a case under Prevention of Corruption Act has been registered against the accused at EOW, VB police station SAS Nagar and further investigation was under progress.

----------

ਵਿਜੀਲੈਂਸ ਬਿਓਰੋ ਪੰਜਾਬ

**ਵਿਜੀਲੈਂਸ ਨੇ ਰਿਸ਼ਵਤ ਲੈਂਦਾ ਏ.ਐਸ.ਆਈ ਰੰਗੇ ਹੱਥੀਂ ਦਬੋਚਿਆ**

ਚੰਡੀਗੜ੍ਹ, 17 ਦਸੰਬਰ: ਪੰਜਾਬ ਵਿਜੀਲੈਂਸ ਬਿਊਰੋ ਦੀ ਆਰਥਿਕ ਅਪਰਾਧ ਸ਼ਾਖਾ ਨੇ ਅੱਜ ਪੁਲਿਸ ਚੌਂਕੀ ਰੋਹੜ ਜਗੀਰ, ਜਿਲ੍ਹਾ ਪਟਿਆਲਾ ਵਿਖੇ ਤਾਇਨਾਤ ਏ.ਐਸ.ਆਈ. ਦਰਸ਼ਨ ਸਿੰਘ ਨੂੰ 5,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕਰ ਲਿਆ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਓਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਏ.ਐਸ.ਆਈ ਨੂੰ ਸ਼ਿਕਾਇਤਕਰਤਾ ਲਖਮੀ ਚੰਦ ਵਾਸੀ ਪਿੰਡ ਬੱਡ ਮੋਹਰ, ਜਿਲ੍ਹਾ ਪਟਿਆਲਾ ਦੀ ਸ਼ਿਕਾਇਤ 'ਤੇ ਫ਼ੜਿਆ ਹੈ। ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਨੂੰ ਆਪਣੀ ਸ਼ਿਕਾਇਤ ਵਿੱਚ ਦੋਸ਼ ਲਾਇਆ ਕਿ ਉਕਤ ਏ.ਐਸ.ਆਈ ਵਲੋਂ ਉਸ ਨੂੰ ਆਪਦੀ ਜਮੀਨ ਵਿਚ ਹੀ ਝੋਨੇ ਦੀ ਪਰਾਲੀ ਨੂੰ ਸਟੋਰ ਕਰਨ ਅਤੇ ਅੱਗੇ ਵੇਚਣ ਦੀ ਇਜਾਜਤ ਦੇਣ ਬਦਲੇ 10,000 ਰੁਪਏ ਦੀ ਮੰਗ ਕੀਤੀ ਗਈ ਹੈ।

ਵਿਜੀਲੈਂਸ ਵੱਲੋਂ ਸ਼ਿਕਾਇਤ ਦੀ ਪੜਤਾਲ ਉਪਰੰਤ ਉਕਤ ਦੋਸ਼ੀ ਏ.ਐਸ.ਆਈ. ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜਰੀ ਵਿਚ 5,000 ਰੁਪਏ ਦੀ ਰਿਸ਼ਵਤ ਲੈਂਦਿਆਂ ਮੌਕੇ 'ਤੇ ਹੀ ਦਬੋਚ ਲਿਆ। ਉਨਾਂ ਦੱਸਿਆ ਕਿ ਦੋਸ਼ੀ ਖਿਲਾਫ਼ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਦੀਆਂ ਵੱਖ-ਵੱਖ ਧਾਰਾਵਾਂ ਤਹਿਤ ਵਿਜੀਲੈਂਸ ਬਿਓਰੋ ਦੀ ਆਰਥਿਕ ਅਪਰਾਧ ਸ਼ਾਖਾ ਦੇ ਥਾਣਾ ਐਸ.ਏ.ਐਸ ਨਗਰ ਵਿਚ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਦਿੱਤੀ ਹੈ।

-----